# ਪ੍ਰਦੇਸ਼ੀਕ ਖਬਰਾਂ

# ਆਕਸ਼ਵਣੀ ਜਲੰਧਰ

**13-10**

**ਮਿਤੀ 04-12-2025**

ਅੱਜ ਸਮੁੰਦਰੀ ਫੌਜ ਦਿਵਸ ਏ। ਇਸ ਮੌਕੇ 'ਤੇ ਰਾਸ਼ਟਰਪਤੀ ਦ੍ਰੋਪਦੀ ਮੁਰਮੂ, ਉਪ-ਰਾਸ਼ਟਰਪਤੀ ਸੀ.ਪੀ. ਰਾਧਾਕ੍ਰਿਸ਼ਨਨ ਅਤੇ ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਸਮੁੰਦਰੀ ਫੌਜ ਦੇ ਕਰਮਚਾਰੀਆਂ, ਸਾਬਕਾ ਸੈਨਿਕਾਂ ਅਤੇ ਉਨ੍ਹਾਂ ਦੇ ਪਰਿਵਾਰਾਂ ਨੂੰ ਵਧਾਈਆਂ ਦਿੱਤੀਆਂ ਨੇ। ਇਕ ਸੋਸ਼ਲ ਮੀਡੀਆ ਪੋਸਟ ਵਿਚ ਰਾਸ਼ਟਰਪਤੀ ਮੁਰਮੂ ਨੇ ਕਿਹਾ ਕਿ ਵਪਾਰਕ ਮਾਰਗਾਂ ਦੀ ਹਿਫਾਜ਼ਤ ਅਤੇ ਸਮੁੰਦਰੀ ਅਰਥਚਾਰੇ ਨੂੰ ਮਜ਼ਬੂਤ ਕਰਨ ਤੋਂ ਲੈ ਕੇ ਮਾਨਵਤਾ-ਪੱਖੀ ਕਾਰਜਾਂ ਦੀ ਅਗਵਾਈ ਕਰਨ ਤੱਕ, ਭਾਰਤੀ ਸਮੁੰਦਰੀ ਫੌਜ ਅਨੁਸ਼ਾਸਨ, ਹਮਦਰਦੀ ਤੇ ਜ਼ਿੰਮੇਵਾਰੀ ਦਾ ਪ੍ਰਤੀਕ ਏ। ਉਪ ਰਾਸ਼ਟਰਪਤੀ ਸੀ.ਪੀ. ਰਾਧਾਕ੍ਰਿਸ਼ਨਨ ਨੇ ਕਿਹਾ ਕਿ ਭਾਰਤੀ ਸਮੁੰਦਰੀ ਫੌਜ ਦੇਸ਼ ਦੀ ਸਮੁੰਦਰੀ ਸ਼ਕਤੀ, ਚੌਕਸੀ ਤੇ ਰਾਸ਼ਟਰੀ ਹਿੱਤਾਂ ਦੀ ਰੱਖਿਆ ਪ੍ਰਤੀ ਵਚਨਬੱਧ ਏ।

ਇਕ ਸੋਸ਼ਲ ਮੀਡੀਆ ਪੋਸਟ ਵਿਚ, ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਯਾਦ ਕੀਤਾ ਕਿ ਉਨ੍ਹਾਂ ਨੇ ਇਸ ਦੀਵਾਲੀ ਨੂੰ ਆਈ.ਐੱਨ.ਐੱਸ. ਵਿਕਰਾਂਤ 'ਤੇ ਸਮੁੰਦਰੀ ਫੌਜ ਦੇ ਕਰਮਚਾਰੀਆਂ ਨਾਲ ਇਹ ਦਿਨ ਮਨਾਇਆ ਸੀ ਜੋ ਕਿ ਨਾ-ਭੁੱਲਣਯੋਗ ਏ। ਪ੍ਰਧਾਨ ਮੰਤਰੀ ਨੇ ਕਿਹਾ ਕਿ ਭਾਰਤੀ ਸਮੁੰਦਰੀ ਫੌਜ ਨੇ ਲੰਘੇ ਕੁਝ ਸਾਲਾਂ ਵਿਚ ਸਵੈ-ਨਿਰਭਰਤਾ ਤੇ ਆਧੁਨਿਕੀਕਰਨ 'ਤੇ ਧਿਆਨ ਕੇਂਦਰਤ ਕੀਤਾ ਏ, ਜਿਸ ਨਾਲ ਦੇਸ਼ ਦੀ ਸੁਰੱਖਿਆ ਪ੍ਰਣਾਲੀ ਮਜ਼ਬੂਤ ਹੋਈ ਏ।

------------------------------------------------------------

ਅੰਮ੍ਰਿਤਸਰ-ਪਠਾਨਕੋਟ ਸੜਕ 'ਤੇ ਕੱਥੂਨੰਗਲ ਨੇੜੇ ਕੱਲ੍ਹ ਦੇਰ ਰਾਤ ਇਕ ਬਸ ਦੇ ਬੱਜਰੀ ਨਾਲ ਭਰੇ ਟਿੱਪਰ ਨਾਲ ਟਕਰਾਉਣ ਕਾਰਨ, ਇਕ ਔਰਤ ਅਤੇ ਬੱਚੇ ਦੀ ਮੌਤ ਹੋ ਗਈ ਏ ਅਤੇ 18 ਹੋਰ ਜ਼ਖਮੀ ਹੋ ਗਏ ਨੇ। ਸਾਰੇ ਜ਼ਖਮੀਆਂ ਨੂੰ ਹਸਪਤਾਲ ਦਾਖਲ ਕਰਵਾਇਆ ਗਿਆ ਏ। ਪੁਲਿਸ ਅਧਿਕਾਰੀ ਨੇ ਦੱਸਿਆ ਕਿ ਬੱਸ, ਬਟਾਲਾ ਤੋਂ ਅੰਮ੍ਰਿਤਸਰ ਆ ਰਹੀ ਸੀ ਅਤੇ ਰਾਹ ਵਿਚ ਟਿੱਪਰ ਨਾਲ ਟਕਰਾ ਗਈ। ਪੁਲਿਸ ਨੇ ਕੇਸ ਦਰਜ ਕਰ ਲਿਆ ਏ। ਵਧੇਰੇ ਜਾਣਕਾਰੀ ਦਿੰਦਿਆਂ, DSP ਧਰਮੇਂਦਰ ਕਲਿਆਣ ਨੇ ਦੱਸਿਆ -

BYTE : ਧਰਮੇਂਦਰ ਕਲਿਆਣ

-----------------------------------------------------------

ਪੰਜਾਬ ਦੇ ਬਾਗਬਾਨੀ ਮੰਤਰੀ ਮੋਹਿੰਦਰ ਭਗਤ ਨੇ ਐਲਾਨ ਕੀਤਾ ਏ ਕਿ ਪੰਜਾਬ ਸਰਕਾਰ ਲਾਡੋਵਾਲ, ਲੁਧਿਆਣਾ ਵਿਚ ਅਤਿ-ਆਧੁਨਿਕ ਬਾਗਬਾਨੀ ਤਕਨਾਲੋਜੀ ਵਿਕਾਸ ਕੇਂਦਰ ਸਥਾਪਤ ਕਰ ਰਹੀ ਏ। ਲਾਡੋਵਾਲ ਵਿਚ ਬਾਗਬਾਨੀ ਭਾਗ ਵੱਲੋਂ ਕਰਵਾਏ ਸੂਬਾ ਪੱਧਰੀ ਸੈਮੀਨਾਰ-ਕਮ-ਨੁਮਾਇਸ਼ ਦਾ ਉਦਘਾਟਨ ਕਰਦਿਆਂ ਕੈਬਨਿਟ ਮੰਤਰੀ ਨੇ ਕਿਹਾ ਕਿ ਅਗਾਮੀ ਬਾਗਬਾਨੀ ਤਕਨਾਲੋਜੀ ਵਿਕਾਸ ਕੇਂਦਰ, ਕਿਸਾਨਾਂ ਲਈ ਵਨ-ਸਟਾਪ ਜਾਣਕਾਰੀ ਕੇਂਦਰ ਵਜੋਂ ਕੰਮ ਕਰੇਗਾ, ਜਿੱਥੇ ਹਰ ਕਿਸਮ ਦੇ ਫਲ, ਸਬਜ਼ੀਆਂ ਅਤੇ ਫੁੱਲਾਂ ਲਈ ਨਵੀਨਤਮ ਹਾਈ-ਟੈਕ ਕਾਸ਼ਤ ਅਭਿਆਸਾਂ ਨੂੰ ਲਾਈਵ ਦਿਖਾਇਆ ਜਾਵੇਗਾ ਤੇ ਇੱਥੇ ਨੁਮਾਇਸ਼ ਵਾਲੀਆਂ ਥਾਵਾਂ ’ਤੇ ਹੱਥੀਂ ਸਿਖਲਾਈ ਦਿੱਤੀ ਜਾਵੇਗੀ। ਉਨ੍ਹਾਂ ਅੱਗੇ ਕਿਹਾ ਕਿ ਸਿਰਫ਼ ਬਾਗਬਾਨੀ ਵਿਚ ਹੀ ਕਿਸਾਨਾਂ ਦੀ ਆਮਦਨ ਨੂੰ ਘੱਟ ਤੋਂ ਘੱਟ ਸਮੇਂ ਵਿਚ ਦੁੱਗਣਾ ਕਰਨ ਅਤੇ ਖੁਸ਼ਹਾਲੀ ਲਿਆਉਣ ਦੀ ਸਮਰੱਥਾ ਹੈ।

-----------------------------------------------------------

ਵਿੱਤ ਮੰਤਰੀ ਐਡਵੋਕੇਟ ਹਰਪਾਲ ਸਿੰਘ ਚੀਮਾ ਨੇ ਕਿਹਾ ਏ ਕਿ ਸੂਬੇ ਦੇ ਵਿੱਤ ਵਿਭਾਗ ਨੇ 'ਪੰਜਾਬ ਵਿਚ ਰੁੱਖਾਂ ਦੀ ਸੁਰੱਖਿਆ ਕਾਨੂੰਨ, 2025 - ਬਣਾਉਣ ਸਬੰਧੀ ਜੰਗਲਾਤ ਤੇ ਜੰਗਲੀ ਜੀਵ ਸੁਰੱਖਿਆ ਵਿਭਾਗ ਦੇ

ਪ੍ਰਸਤਾਵ ਨੂੰ ਮਨਜ਼ੂਰੀ ਦੇ ਦਿੱਤੀ ਏ। ਉਨ੍ਹਾਂ ਕਿਹਾ ਕਿ ਇਹ ਕਾਨੂੰਨ, ਸ਼ਹਿਰੀ ਹਰਿਆਵਲ ਤੇ ਵਾਤਾਵਰਣ ਦੀ ਸੰਭਾਲ ਵੱਲ ਮਹੱਤਵਪੂਰਨ ਕਦਮ ਏ , ਜਿਹੜਾ ਕਿ ਰੁੱਖਾਂ ਦੀ ਸੰਭਾਲ ਲਈ ਸੂਬੇ ਦੀ ਵਿਧਾਨਕ ਵਚਨਬੱਧਤਾ ਨੂੰ ਯਕੀਨੀ ਬਣਾਏਗਾ। ਉਨ੍ਹਾਂ ਜ਼ੋਰ ਦੇ ਕੇ ਕਿਹਾ ਕਿ ਇਸ ਖਰੜੇ ਵਿਚ ਗੈਰ-ਕਾਨੂੰਨੀ ਢੰਗ ਨਾਲ ਦਰੱਖਤਾਂ ਦੀ ਕਟਾਈ ਲਈ ਸਖ਼ਤ ਉਪਾਅ ਤੇ ਭਾਰੀ ਜੁਰਮਾਨੇ ਦਾ ਪ੍ਰਸਤਾਵ ਏ , ਜਿਸ ਨਾਲ ਵਾਤਾਵਰਣ ਦੇ ਨਿਘਾਰ ਨਾਲ ਲੜਨ ਲਈ ਸੂਬੇ ਦੀਆਂ ਕੋਸ਼ਿਸ਼ਾਂ ਨੂੰ ਹੋਰ ਮਜ਼ਬੂਤੀ ਮਿਲੇਗੀ

-----------------------------------------------------------

C pyteਸੀ-ਪਾਈਟ ਕੈਂਪ ਲੁਧਿਆਣਾ ਦੇ ਟ੍ਰੇਨਿੰਗ ਅਫਸਰ ਇੰਦਰਜੀਤ ਕੁਮਾਰ ਨੇ ਦੱਸਿਆ ਏ ਕਿ ਆਉਂਦੀ 08 ਤੋਂ 31 ਦਸੰਬਰ ਤੱਕ ਕੇਂਦਰੀ ਹਥਿਆਰਬੰਦ ਪੁਲਿਸ ਬਲਾਂ -(ਸੀ.ਏ.ਪੀ.ਐੱਫਜ਼) ਤੇ ਐੱਸ.ਐੱਸ. ਐੱਫ. ਵਿਚ ਕਾਂਸਟੇਬਲ ਅਤੇ ਅਸਾਮ ਰਾਈਫਲਜ਼ ਵਿਚ ਰਾਈਫਲਮੈਨ ਦੀ ਲਿਖਤੀ ਪ੍ਰੀਖਿਆ, 2026 ਵਿਚ ਹੋਵੇਗੀ। ਉਨ੍ਹਾਂ ਦੱਸਿਆ ਕਿ ਇਸ ਲਿਖਤੀ ਪ੍ਰੀਖਿਆ ਦੀ ਲਈ ਇੱਛੁਕ ਨੌਜਵਾਨ, ਸੀ-ਪਾਈਟ ਕੈਂਪ, ਆਈ.ਟੀ.ਆਈ. ਗਿੱਲ ਰੋਡ, ਲੁਧਿਆਣਾ ਵਿਚ ਪਹੁੰਚ ਸਕਦੇ ਨੇ। ਲਿਖਤੀ ਪ੍ਰੀਖਿਆ ਦੀ ਤਿਆਰੀ ਲਈ ਨੌਜਵਾਨ, ਜ਼ਰੂਰੀ ਦਸਤਾਵੇਜਾਂ ਤੇ ਵਿੱਦਿਅਕ ਯੋਗਤਾ ਦੇ ਸਾਰੇ ਸਰਟੀਫਿਕੇਟਾਂ ਦੀਆਂ ਫੋਟੋ

ਕਾਪੀਆਂ ਤੇ ਪਾਸਪੋਰਟ ਸਾਈਜ਼ ਫੋਟੋ ਨਾਲ ਕੈਂਪ ਵਿਚ ਰਿਪੋਰਟ ਕਰ ਸਕਦੇ ਨੇ।

-----------------------------------------------------------------------

"ਯੁੱਧ ਨਸ਼ਿਆਂ ਵਿਰੁੱਧ" ਮੁਹਿੰਮ ਦੇ 277ਵੇਂ ਦਿਨ ਪੰਜਾਬ ਪੁਲਿਸ ਨੇ ਕੱਲ੍ਹ 335 ਥਾਵਾਂ 'ਤੇ ਛਾਪਾਮਾਰੀ ਕੀਤੀ, ਇਸ ਦੌਰਾਨ ਸੂਬੇ ਵਿਚ 79 ਮਾਮਲੇ ਦਰਜ ਕਰ ਕੇ 103 ਨਸ਼ਾ ਤਸਕਰ ਗ੍ਰਿਫ਼ਤਾਰ ਕੀਤੇ ਗਏ। ਗ੍ਰਿਫ਼ਤਾਰ ਕੀਤੇ ਗਏ ਨਸ਼ਾ ਤਸਕਰਾਂ ਕੋਲੋਂ ਡੇਢ ਕਿੱਲੋ ਹੈਰੋਇਨ, ਇਕ ਕਿੱਲੋ ਅਫੀਮ, 5 ਕਿੱਲੋ ਭੁੱਕੀ, ਪਾਬੰਦੀਸ਼ੁਦਾ ਗੋਲੀਆਂ ਅਤੇ ਨਗਦੀ ਬਰਾਮਦ ਕੀਤੀ ਗਈ।

**ਇਸ ਦੇ ਨਾਲ ਹੀ ਖਬਰਾਂ ਦਾ ਹ ਬੁਲੇਟਿਨ ਖਤਮ ਹੋਇਆ,**

**ਰਾਸ਼ਟਰੀ ਖਬਰਾਂ ਦਾ ਅਗਲਾ ਬੁਲੇਟੀਨ ਨਾਲ 1 ਵੱਜ ਕ 40 ਮਿੰਟ ਤੇ**

**ਨਮਸਕਾਰ ।**